ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਰੈੱਡ ਰਿਬਨ ਕਲੱਬਾਂ ਦੁਆਰਾ ਲਗਾਇਆ ਗਿਆ ਜ਼ਿਲ੍ਹਾ ਪੱਧਰੀ ਖ਼ੂਨਦਾਨ ਕੈਂਪ

ਕੈਂਪ ਦੌਰਾਨ ਲਗਪਗ 64 ਯੂਨਿਟ ਖ਼ੂਨ ਕੀਤਾ ਇੱਕਤਰ

ਫਾਜ਼ਿਲਕਾ 27 ਅਕਤੂਬਰ

ਡਾਇਰੈਕਟੋਰੇਟ, ਯੁਵਕ ਸੇਵਾਵਾਂ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਹਾਇਕ ਡਾਇਰੈਕਟਰ, ਯੁਵਕ ਸੇਵਾਵਾਂ, ਫਾਜ਼ਿਲਕਾ ਸ. ਗੁਰਕਰਨ ਸਿੰਘ ਰਨੀਆ ਦੀ ਅਗਵਾਈ ਹੇਠ ਰੈੱਡ ਰਿਬਨ ਕਲੱਬ ਦੁਆਰਾ ਸਰਕਾਰੀ ਆਈ.ਟੀ.ਆਈ. ਫਾਜ਼ਿਲਕਾ ਵਿਖੇ ਜ਼ਿਲ੍ਹਾ ਪੱਧਰੀ ਖ਼ੂਨਦਾਨ ਕੈਂਪ ਲਗਾਇਆ ਗਿਆ।

ਸਹਾਇਕ ਡਾਇਰੈਕਟਰ ਯੂਵਕ ਸੇਵਾਵਾਂ ਸ. ਗੁਰਕਰਨ ਸਿੰਘ ਰਨੀਆ ਨੇ ਖ਼ੂਨਦਾਨ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਕਿਹਾ ਕਿ ਇੱਕ ਯੂਨਿਟ ਖ਼ੂਨ ਨਾਲ ਕਈ ਵਿਅਕਤੀਆਂ ਦੀਆਂ ਜਾਨਾਂ ਬਚਾਈਆ ਜਾ ਸਕਦੀਆਂ ਹਨ। ਪ੍ਰਿੰਸੀਪਲ ਆਈ.ਟੀ.ਆਈ. ਸ੍ਰੀ ਹਰਦੀਪ ਕੁਮਾਰ ਨੇ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਕਰਨ ਲਈ ਪ੍ਰਰਿਆ। ਰੈੱਡ ਰਿਬਨ ਕਲੱਬਾਂ ਦੇ ਮੈਂਬਰਾਂ ਤੋਂ ਇਲਾਵਾ ਐਨ.ਸੀ.ਸੀ. ਕੈਡਿਟਾਂ ਵੱਲੋਂ ਵੀ ਖ਼ੂਨਦਾਨ ਕੀਤਾ ਗਿਆ। ਕੈਂਪ ਅਫਸਰ ਰੈੱਡ ਰਿਬਨ ਕਲੱਬ ਸ. ਅੰਗਰੇਜ਼ ਸਿੰਘ, ਪ੍ਰੋਗਰਾਮ ਅਫਸਰ ਐਨ.ਐਸ.ਐਸ ਲੈਫ ਸ. ਗੁਰਜੰਟ ਸਿੰਘ, ਇੰਸਟਰਕਟਰ ਐਨ.ਸੀ.ਸੀ ਸ. ਕੁਲਵੰਤ ਸਿੰਘ, ਸ੍ਰੀ ਅੰਕਿਤ ਕਟਾਰੀਆ ਨੇ ਵਿਸ਼ੇਸ਼ ਸਹਿਯੋਗ ਦਿੱਤਾ।